# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 02-04-2024**

- ਪੰਜਾਬ ਵਿੱਚ ਕੰਮ ਕਰਦੇ ਜੰਮੂ-ਕਸ਼ਮੀਰ ਤੇ ਰਾਜਸਥਾਨ ਦੇ ਵੋਟਰਾਂ ਨੂੰ, ਇਨ੍ਹਾਂ ਸੂਬਿਆਂ ਵਿਚ ਵੋਟਿੰਗ ਵਾਲੇ ਦਿਨ 19 ਅਪ੍ਰੈਲ ਅਤੇ ਹਿਮਾਚਲ ਪ੍ਰਦੇਸ਼ ਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਵੋਟਰਾਂ ਨੂੰ ਪਹਿਲੀ ਜੂਨ ਨੂੰ ਵੋਟਿੰਗ ਵਾਲੇ ਦਿਨ ਵੋਟ ਪਾਉਣ ਲਈ ਵਿਸ਼ੇਸ਼ ਛੁੱਟੀ ਦਾ ਐਲਾਨ।
- ਹਾੜੀ ਸੀਜ਼ਨ 2024-25 ਦੌਰਾਨ ਕਣਕ ਦੀ ਖਰੀਦ ਦਾ ਸ਼ੁਰੂ ਹੋਇਆ ਸੀਜ਼ਨ, 31 ਮਈ ਨੂੰ ਮੁਕੰਮਲ ਹੋਵੇਗਾ।
- ਸ੍ਰੀ ਮੁਕਤਸਰ ਸਾਹਿਬ ਜ਼ਿਲੇ ਵਿਚ ਬੇਮੌਸਮੀ ਬਾਰਿਸ਼ ਨਾਲ ਫਸਲਾਂ ਦੇ ਨੁਕਸਾਨ ਦੀ ਵਿਸ਼ੇਸ਼ ਗਿਰਦਾਵਰੀ ਕਰਵਾਉਣ ਦੇ ਹੁਕਮ ।

---

ਪੰਜਾਬ ਵਿੱਚ ਕੰਮ ਕਰਨ ਵਾਲੇ ਹਿਮਾਚਲ ਪ੍ਰਦੇਸ਼ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਵੋਟਰਾਂ ਨੂੰ ਪਹਿਲੀ ਜੂਨ ਨੂੰ ਵੋਟਿੰਗ ਵਾਲੇ ਦਿਨ ਵੋਟ ਪਾਉਣ ਲਈ ਵਿਸ਼ੇਸ਼ ਛੁੱਟੀ ਦੇਣ ਦਾ ਐਲਾਨ ਕੀਤਾ ਗਿਆ ਏ । ਚੰਡੀਗੜ੍ਹ ਵਿਚ ਇਸ ਬਾਬਤ ਜਾਣਕਾਰੀ ਦਿੰਦਿਆ, ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਦੱਸਿਆ ਕਿ ਪੰਜਾਬ ਰਾਜ ਦੇ ਸਰਕਾਰੀ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿੱਦਿਅਕ ਅਦਾਰਿਆਂ ਵਿੱਚ ਕੰਮ ਕਰਨ ਵਾਲੇ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀਆਂ ਵਿੱਚੋਂ ਜੇਕਰ ਕੋਈ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਦਾ ਵੋਟਰ ਏ ਤਾਂ ਉਹ, ਆਪਣੀ ਵੋਟ ਪਾਉਣ ਲਈ ਆਪਣਾ ਵੋਟਰ ਕਾਰਡ ਪੇਸ਼ ਕਰਕੇ ਸਬੰਧਤ ਅਥਾਰਟੀ ਤੋਂ ਇਕ ਜੂਨ ਦੀ ਵਿਸ਼ੇਸ਼ ਛੁੱਟੀ ਲੈ ਸਕੇਗਾ । ਇਹ ਛੁੱਟੀ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਛੁੱਟੀਆਂ ਦੇ ਖਾਤੇ ਵਿੱਚੋਂ ਨਹੀਂ ਕੱਟੀ ਜਾਵੇਗੀ । ਸਿਬਿਨ ਸੀ. ਨੇ ਦੱਸਿਆ ਕਿ ਪੰਜਾਬ ਦੇ ਕਿਸੇ ਵੀ ਉਦਯੋਗਿਕ ਅਦਾਰੇ, ਕਾਰੋਬਾਰ, ਵਪਾਰ ਜਾਂ ਕਿਸੇ ਵੀ ਹੋਰ ਅਦਾਰੇ ਵਿੱਚ ਕੰਮ ਕਰਨ

ਵਾਲੇ ਯੂਟੀ ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਦੇ ਵੋਟਰਾਂ ਨੂੰ ਵੀ ਵੋਟ ਪਾਉਣ ਲਈ ਲੋਕ ਨੁੰਮਾਇਦਗੀ ਐਕਟ 1951 ਦੀ ਧਾਰਾ 135 -ਬੀ (1) ਮੁਤਾਬਕ ਪਹਿਲੀ ਜੂਨ ਨੂੰ ਅਦਾਇਗੀ-ਯੋਗ ਛੁੱਟੀ ਐਲਾਨੀ ਗਈ ਏ । ਇਸ ਸਬੰਧ ਵਿੱਚ ਪੰਜਾਬ ਸਰਕਾਰ ਨੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਏ ।

---------------------------------------------------------

ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਡਾ.ਪੱਲਵੀ ਨੇ ਅੱਜ ਸਬ ਡਵੀਜਨ ਅਹਿਮਦਗੜ੍ਹ ਅਧੀਨ ਪੈਂਦੇ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੇ ਅਸੈਂਬਲੀ ਹਲਕੇ ਅਮਰਗੜ੍ਹ ਦੇ 13 ਪੋਲਿੰਗ ਬੂਥਾਂ ਦਾ ਅਚਨਚੇਤ ਨਿਰੀਖਣ ਕੀਤਾ ਅਤੇ ਦਫ਼ਤਰ ਐਸ.ਡੀ.ਐਮ. ਅਹਿਮਦਗੜ੍ਹ ਵਿਖੇ ਅਸੈਂਬਲੀ ਹਲਕਾ ਪੱਧਰ ਤੇ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਨੂੰ ਰੋਕਣ ਲਈ, ਸਥਾਪਿਤ ਵੱਖ ਵੱਖ ਸੈਲਾਂ ਦਾ ਮੁਆਇਨਾ ਕੀਤਾ । ਉਪ ਮੰਡਲ ਮੈਜਿਸਟਰੇਟ ਤੇ ਸਹਾਇਕ ਰਿਟਰਨਿੰਗ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਤੇ ਨਾਇਬ ਤਹਿਸੀਲਦਾਰ ਪਰਵੀਨ ਕੁਮਾਰ ਵੀ ਉਨਾਂ ਨਾਲ ਮੌਜੂਦ ਰਹੇ । ਡਿਪਟੀ ਕਮਿਸ਼ਨਰ ਨੇ ਵੱਖ ਵੱਖ ਸੈਲਾਂ ਦੀ

ਕਾਰਜਪ੍ਰਣਾਲੀ ਦਾ ਜਾਇਜਾ ਲਿਆ ਅਤੇ ਚੋਣ ਡਿਊਟੀ ਤੇ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਲੋਕਤੰਤਰ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ, ਆਪਣੀ ਵੋਟ ਦਾ ਇਸਤੇਮਾਲ ਕਰਨ ਤੇ ਦੂਸਰਿਆਂ ਨੂੰ ਵੀ ਕਰਨ ਲਈ ਉਤਸ਼ਾਹਿਤ ਕਰਨਾ ਯਕੀਨੀ ਬਣਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸਾਸਨ ਹਰ ਸੰਭਵ ਉਪਰਾਲੇ ਕਰ ਰਿਹਾ ਏ  ਤਾਂ ਜੋ ਚੋਣਾਂ  ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚਾੜੀਆਂ ਜਾ ਸਕਣ।

---------------------------------------------------------------

ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਅੱਜ ਪੁਲਿਸ ਨੇ, ਅੰਮ੍ਰਿਤਸਰ ਰੇਲਵੇ ਸਟੇਸ਼ਨ ਤੇ ਕਾਸੋ ਚੈਕਿੰਗ ਅਭਿਆਨ ਚਲਾਇਆ। ਸਟੇਸ਼ਨ ਤੇ ਆਉਣ ਜਾਣ ਵਾਲੇ ਯਾਤਰੀਆਂ ਦੇ ਬੈਗ ਚੈੱਕ ਕੀਤੇ ਗਏ। ACP ਵਰਿੰਦਰ ਸਿੰਘ ਖੋਸਾ ਦੀ ਅਗਵਾਈ ਵਿੱਚ ਪੁਲਿਸ ਟੀਮ ਨੇ, ਰੇਲਵੇ ਸਟੇਸ਼ਨ ਦੀ ਚੈਕਿੰਗ ਕੀਤੀ ਜਿਸ ਵਿਚ ਡੋਗ ਸਕਵੈਡ ਦੀ ਮਦਦ ਵੀ ਲਈ ਗਈ। ਵਰਿੰਦਰ ਖੋਸਾ ਨੇ ਕਿਹਾ ਕਿ ਇਹ ਚੈਕਿੰਗ ਲਗਾਤਾਰ ਜਾਰੀ ਏ ਅਤੇ ਜਿੱਥੇ ਨਾਕੇ ਲਗਾ ਕੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਏ, ਉੱਥੇ ਹੀ ਬੱਸ ਅੱਡੇ ਤੇ

ਰੇਲਵੇ ਸਟੇਸ਼ਨ ਸਮੇਤ ਅਜਿਹੀਆਂ ਹੋਰ ਕਈ ਥਾਵਾਂ ਦੀ ਵੀ ਲਗਾਤਾਰ ਚੈਕਿੰਗ ਚੱਲ ਰਹੀ ਏ ਤਾਂ ਜੋ ਕੋਈ ਅਣਸੁਖਾਵੀ ਘਟਨਾ ਨਾ ਵਾਪਰੇ। ਉਨਾਂ ਦੱਸਿਆ ਕਿ ਰੇਲਵੇ ਸਟੇਸ਼ਨ ਤੇ ਬਹੁਤ ਹੀ ਵਧੀਆ ਸੀ ਸੀ ਟੀ ਵੀ ਕੈਮਰੇ ਲਗਾਏ ਗਏ ਨੇ ਜਿਨਾਂ ਤੇ ਪੁਲਿਸ ਅਧਿਕਾਰੀਆਂ ਦੀ ਕਰੜੀ ਨਜ਼ਰ  ਰਹਿੰਦੀ ਏ। ਉਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਲਵਾਰਸ ਵਸਤੂ ਨਜ਼ਰ ਆਵੇ ਤਾਂ ਇਸ ਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ।

------------------------------------------------------------

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਅੱਜ ਪਟਿਆਲਾ ਤੇ ਫਰੀਦਕੋਟ ਦੇ ਉਮੀਦਵਾਰਾਂ ਅਤੇ ਇਨ੍ਹਾਂ ਦੋਵਾਂ ਹੀ ਲੋਕ ਸਭਾ ਹਲਕਿਆਂ ਤੋਂ  ਪਾਰਟੀ ਦੇ ਸਾਰੇ ਵਿਧਾਇਕਾਂ ਨਾਲ ਮੀਟਿੰਗਾਂ ਕੀਤੀਆਂ । ਇਨ੍ਹਾਂ ਮੀਟਿੰਗਾਂ ਵਿੱਚ ਪਟਿਆਲਾ ਤੋਂ ਉਮੀਦਵਾਰ ਡਾ. ਬਲਬੀਰ ਸਿੰਘ ਤੇ ਫ਼ਰੀਦਕੋਟ ਤੋਂ ਉਮੀਦਵਾਰ ਕਰਮਜੀਤ ਸਿੰਘ ਅਨਮੋਲ ਤੋਂ ਅਲਾਵਾ, ਵਿਧਾਇਕ ਹਾਜ਼ਰ ਰਹੇ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪ ਉਮੀਦਵਾਰਾਂ ਨੂੰ ਜਿਤਾਉਣ

ਲਈ, ਸਾਰੇ ਮਿਲ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਲੋਕਾਂ ਨੇ ਸਰਕਾਰ ਦਾ ਕੰਮ ਦੇਖਿਆ ਏ ਅਤੇ ਉਹ ਖੁਸ਼ ਨੇ। ਪਾਰਟੀ  ਆਗੂਆਂ ਨੇ ਦੱਸਿਆ ਕਿ ਉਹ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਉਣ ਲਈ ਮੀਟਿੰਗਾਂ ਕਰ ਰਹੇ ਨੇ।

------------------------------------------------------

ਭਾਰਤੀ ਜਨਤਾ ਪਾਰਟੀ ਵਲੋਂ ਫਰੀਦਕੋਟ ਤੋਂ ਲੋਕ ਸਭਾ ਉਮੀਦਵਾਰ ਬਣਾਏ ਗਏ ਸੰਸਦ ਮੈਂਬਰ, ਪਦਮਸ਼੍ਰੀ ਸੂਫੀ ਗਾਇਕ ਹੰਸਰਾਜ ਹੰਸ ਨਾਲ, ਪਾਰਟੀ ਦੇ ਸੂਬਾ ਮੀਤ ਪ੍ਰਧਾਨ ਰਾਜੇਸ਼ ਬਾਘਾ ਨੇ ਅੱਜ ਮੁਲਾਕਾਤ ਕੀਤੀ ਅਤੇ ਲੋਕ ਸਭਾ ਚੋਣਾਂ ਸਬੰਧੀ ਚਰਚਾ ਕੀਤੀ। ਰਾਜੇਸ਼ ਬਾਘਾ ਨੇ ਕਿਹਾ ਕਿ ਪਾਰਟੀ ਵੱਲੋਂ ਪੰਜਾਬ ਵਿੱਚ ਇਕੱਲਿਆਂ ਹੀ ਲੋਕ ਸਭਾ ਚੋਣਾਂ ਲੜਨ ਦੇ ਫੈਸਲੇ ਮਗਰੋਂ, ਵਰਕਰਾਂ ਵਿੱਚ ਭਾਰੀ ਉਤਸ਼ਾਹ ਏ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਜਾਣ ਚੁੱਕੇ ਨੇ, ਕਿ BJP ਹੀ ਅਜਿਹੀ ਪਾਰਟੀ ਏ, ਜਿਸ ਦੀ ਕਰਨੀ ਤੇ ਕਥਨੀ ਵਿੱਚ ਕੋਈ ਫਰਕ ਨਹੀਂ ਏ।

------------------------------------------------------

BJP ਉਮੀਦਵਾਰ ਐਲਾਨੇ ਜਾਣ ਤੋਂ ਬਾਅਦ, ਲੁਧਿਆਣਾ ਪਹੁੰਚਣ 'ਤੇ

ਰਵਨੀਤ ਬਿੱਟੂ ਦਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ 'ਚ BJP ਵਰਕਰਾਂ ਨੇ ਭਰਵਾਂ ਸਵਾਗਤ ਕੀਤਾ। ਮਗਰੋਂ BJP ਦਫ਼ਤਰ ਵਿਖੇ ਇਕ ਪ੍ਰੈਸ ਕਾਨਫਰੰਸ ਦੌਰਾਨ, ਉਨਾਂ ਕਿਹਾ ਕਿ ਪੰਜਾਬ ਇੱਕ ਸਰਹੱਦੀ ਸੂਬਾ ਏ, ਜਿਹੜਾ ਹਮੇਸ਼ਾ ਹੀ ਰਾਸ਼ਟਰ ਵਿਰੋਧੀ ਤਾਕਤਾਂ ਦੇ ਨਿਸ਼ਾਨੇ ਤੇ ਰਹਿੰਦਾ ਏ। ਉਨਾਂ ਕਿਹਾ ਕਿ ਰਾਸ਼ਟਰ ਵਿਰੋਧੀਆਂ ਨਾਲ ਨਜਿੱਠਦੇ ਹੋਏ ਪੰਜਾਬ ਨੂੰ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਵੱਲ ਲਿਜਾਣ ਦੀ ਜਰੂਰਤ ਏ। ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਗਤੀਸ਼ੀਲ ਅਗਵਾਈ ਹੇਠ BJP ਹੀ ਦੇਸ਼ ਵਿਚ ਰਾਸ਼ਟਰਵਾਦੀ ਏਜੰਡੇ ਨੂੰ ਅੱਗੇ ਲੈ ਕੇ ਜਾ ਸਕਦੀ ਏ ਅਤੇ ਪੰਜਾਬ ਵਿੱਚ ਵੀ ਇਹੀ ਏਜੰਡਾ ਚੱਲਣਾ ਏ, ਤਾਂ ਜੋ ਸਾਡਾ ਸੂਬਾ ਖੁਸ਼ਹਾਲ ਹੋ ਸਕੇ। ਰਵਨੀਤ ਬਿੱਟੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੂੰ ਪੰਜਾਬ ਤੇ ਪੰਜਾਬੀਆਂ ਦੀ ਬਹੁਤ ਚਿੰਤਾ ਏ।

--------------------------------------------------------

ਹਾੜੀ ਸੀਜ਼ਨ 2024-25 ਦੌਰਾਨ ਕਣਕ ਦੀ ਖਰੀਦ ਦਾ ਸੀਜ਼ਨ ਸ਼ੁਰੂ

ਹੋ ਗਿਆ ਏ, ਜਿਹੜਾ ਕਿ 31 ਮਈ ਨੂੰ ਮੁਕੰਮਲ ਹੋਵੇਗਾ । ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਦੇ ਸਕੱਤਰ ਵਿਕਾਸ ਗਰਗ ਨੇ ਦੱਸਿਆ ਕਿ ਸੂਬੇ ਵਿੱਚ 1908 ਰੈਗੂਲਰ ਖਰੀਦ ਕੇਂਦਰਾਂ ਨੂੰ ਮੰਡੀ ਯਾਰਡ ਐਲਾਨ ਕੇ, ਸਮੂਹ ਖਰੀਦ ਏਜੰਸੀਆਂ ਵਿਚਕਾਰ ਖਰੀਦ ਕੇਂਦਰਾਂ ਦੀ ਅਲਾਟਮੈਂਟ ਕੀਤੀ ਗਈ ਏ। ਮੰਡੀਆਂ ਵਿੱਚ ਖਰੀਦ ਦਾ ਕੰਮ ਨਿਰਵਿਘਨ ਨੇਪਰੇ ਚਾੜਨ ਲਈ ਆਰਜ਼ੀ ਖਰੀਦ ਕੇਂਦਰ ਵੀ ਖੋਲ੍ਹੇ ਜਾ ਰਹੇ ਨੇ । ਸੂਬੇ ਦੀਆਂ ਖਰੀਦ ਏਜੰਸੀਆਂ ਨੂੰ 115 ਲੱਖ 50 ਹਜ਼ਾਰ ਮੀਟਰਕ ਟਨ ਦੇ ਬਣਦੇ ਹਿੱਸੇ ਦੀ ਕਣਕ ਖਰੀਦ ਲਈ 30 ਹਜ਼ਾਰ 770 ਕਰੋੜ 36 ਲੱਖ ਰੁਪਏ ਦੀ ਨਕਦ ਕਰਜ਼ਾ ਹੱਦ CCL ਲੋੜੀਂਦੀ ਸੀ, ਜਿਸ ਸਬੰਧ ਵਿੱਚ ਅਪ੍ਰੈਲ ਮਹੀਨੇ ਵਿੱਚ ਕਣਕ ਦੀ ਖਰੀਦ ਲਈ 27 ਹਜ਼ਾਰ 77 ਕਰੋੜ 91 ਲੱਖ ਰੁਪਏ ਦੀ CCL ਪ੍ਰਾਪਤ ਹੋ ਚੁੱਕੀ ਏ ਅਤੇ ਬਾਕੀ ਦੀ ਸੀ.ਸੀ.ਐੱਲ. ਮਈ ਦੌਰਾਨ ਪ੍ਰਾਪਤ ਹੋ ਜਾਵੇਗੀ। ਵਿਕਾਸ ਗਰਗ ਨੇ ਦੱਸਿਆ ਕਿ ਕਣਕ ਦੀ ਭਰਾਈ ਲਈ ਖਰੀਦ ਏਜੰਸੀਆਂ ਨੂੰ 4 ਲੱਖ 62 ਹਜ਼ਾਰ ਬਾਰਦਾਨਾ ਲੋੜੀਂਦਾ ਏ , ਜਿਸ ਵਿੱਚੋਂ ਏਜੰਸੀਆਂ ਕੋਲ 31 ਮਾਰਚ ਤੱਕ 3 ਲੱਖ 51 ਹਜ਼ਾਰ

ਬਾਰਦਾਨਾ ਉਪਲਬਧ ਏ  ਅਤੇ ਬਾਕੀ ਦਾ ਬਾਰਦਾਨਾ  ਸੀਜ਼ਨ ਦੌਰਾਨ ਪ੍ਰਾਪਤ ਹੋ ਜਾਵੇਗਾ  । ਸੂਬੇ ਦੇ ਨਾਲ ਲੱਗਦੇ 21 ਅੰਤਰ-ਰਾਜ਼ੀ ਬੈਰੀਅਰਾਂ ਉੱਤੇ ਨਾਕੇ ਸਥਾਪਿਤ ਕਰ ਦਿੱਤੇ ਗਏ ਨੇ ।

-------------------------------------------------------

ਨਗਰ ਨਿਗਮ ਜਲੰਧਰ ਦੀ ਬਿਲਡਿੰਗ ਬ੍ਰਾਂਚ ਵਲੋਂ ਲੋਕ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਨੂੰ ਕਥਿਤ ਤੌਰ ਤੇ ਲਾਭ ਪਹੁੰਚਾਉਣ ਲਈ,  ਪਿਕ ਐਂਡ ਚੂਜ਼ ਦੀ ਨੀਤੀ ਤੇ ਕਾਰਵਾਈ ਕਰਨ ਦੀ ਭਾਰਤੀ ਜਨਤਾ ਪਾਰਟੀ ਨੇ ਤਿੱਖੀ ਆਲੋਚਨਾ ਕੀਤੀ ਏ। ਪਾਰਟੀ ਨੇ ਇਸ ਬਾਰੇ ਪੰਜਾਬ ਦੇ ਮੁਖ ਚੋਣ ਅਧਿਕਾਰੀ ਅਤੇ ਭਾਰਤ ਚੋਣ ਕਮਿਸ਼ਨ ਨੂੰ ਇਕ ਸ਼ਿਕਾਇਤ ਭੇਜੀ ਏ। ਜਲੰਧਰ BJP ਸ਼ਹਿਰੀ ਦੇ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਨੇ ਦੋਸ਼ ਲਾਇਆ, ਕਿ ਨਗਰ ਨਿਗਮ ਪੱਖਪਾਤੀ ਤਰੀਕੇ ਨਾਲ ਕੰਮ ਕਰ ਰਿਹਾ ਏ। ਉਨਾਂ ਮੰਗ ਕੀਤੀ ਕਿ ਗੈਰ ਕਾਨੂੰਨੀ ਨਿਰਮਾਣ ਦੇ ਸਮੁਚੇ ਰਿਕਾਰਡ ਨੂੰ ਜਬਤ ਕਰਵਾ ਕੇ, ਉਸ ਨੂੰ ਨਗਰ ਨਿਗਮ ਦੀ ਥਾਂ ਕਿਸੇ ਹੋਰ ਸੀਨੀਅਰ ਅਧਿਕਾਰੀ ਦੀ ਨਿਗਰਾਨੀ ਵਾਲੀ ਟੀਮ ਦੇ ਹਵਾਲੇ ਕੀਤਾ ਜਾਵੇ ਤਾਂ ਜੋ ਇਹ ਸਾਹਮਣੇ ਆ ਸਕੇ ਕਿ ਚੋਣ ਜਾਬਤਾ ਲੱਗਣ ਤੋਂ

ਪਹਿਲਾਂ ਇਨਾਂ ਸ਼ਿਕਾਇਤਾਂ ਤੇ ਨਿਯਮ ਅਨੁਸਾਰ ਬਣਦੀ ਕਾਰਵਾਈ ਕਿਓਂ ਨਹੀਂ ਕੀਤੀ ਗਈ। ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਹੁਣ ਚੋਣਾਂ ਮੌਕੇ ਨਗਰ ਨਿਗਮ ਦੇ ਅਧਿਕਾਰੀਆਂ ਦੀ ਮਦਦ ਨਾਲ ਆਮ ਆਦਮੀ ਪਾਰਟੀ ਵਲੋਂ ਕਥਿਤ ਤੌਰ ਤੇ ਸਿਆਸੀ ਵਿਰੋਧੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਏ।

---------------------------------------------------

ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਨੇ ਪਿਛਲੇ ਦਿਨੀ ਹੋਈ ਬੇਮੌਸਮੀ ਬਾਰਿਸ਼ ਨਾਲ ਫਸਲਾਂ ਦੇ ਨੁਕਸਾਨ ਦੀ ਵਿਸ਼ੇਸ਼  ਗਿਰਦਾਵਰੀ ਕਰਵਾਉਣ ਦੇ ਹੁਕਮ ਦਿੱਤੇ ਨੇ । ਉਨਾਂ ਦੱਸਿਆ ਕਿ ਗੜੇਮਾਰੀ ਤੇ ਬੇਮੌਸਮੀ ਬਰਸਾਤ ਕਾਰਨ ਜਿਲੇ ਦੇ ਕੁਝ ਇਲਾਕਿਆਂ ਵਿੱਚ ਕਣਕ ਦੀ ਖੜੀ ਫਸਲ ਨੂੰ ਨੁਕਸਾਨ ਪੁੱਜਿਆ ਏ ਅਤੇ ਇਸ ਦਾ ਜਾਇਜਾ ਲੈਣ ਲਈ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾਵੇਗੀ । ਉਨਾਂ ਮਾਲ ਵਿਭਾਗ ਦੇ ਸਟਾਫ ਨੂੰ ਕਿਹਾ ਕਿ ਨਿਯਮਾਂ ਅਨੁਸਾਰ ਇਹ ਗਿਰਦਾਵਰੀ ਕੀਤੀ ਜਾਵੇ ਅਤੇ ਇਸ ਦੀ ਪੁਨਰ ਪੜਤਾਲ ਜੇ ਫਾਰਮਾ ਨਾਲ ਵੀ ਕੀਤੀ ਜਾਵੇਗੀ। ਹਰਪ੍ਰੀਤ ਸਿੰਘ ਸੂਦਨ ਨੇ ਕਿਹਾ

ਕਿ ਫੀਲਡ ਕਾਨੂੰਗੋ 100 ਫੀਸਦੀ, ਸਰਕਲ ਮਾਲ ਅਫਸਰ 50 ਫੀਸਦੀ ਅਤੇ ਉਪ-ਮੰਡਲ ਮੈਜਿਸਟਰੇਟ 25 ਫੀਸਦੀ ਕੀਤੇ ਕੰਮ ਦੀ ਪੜਤਾਲ ਕਰਨਗੇ। ਇਹ ਗਿਰਦਾਵਰੀ ਇੱਕ ਹਫਤੇ ਦੇ ਅੰਦਰ ਅੰਦਰ ਪੂਰੀ ਕਰਨ ਲਈ ਆਖਿਆ ਗਿਆ ਏ। ਉਨਾਂ ਸਪਸ਼ਟ ਕੀਤਾ ਕਿ ਚੋਣ ਜਾਬਤਾ ਲੱਗੇ ਹੋਣ ਕਰਕੇ ਤੁਰੰਤ ਕੋਈ ਮੁਆਵਜੇ ਦੀ ਵੰਡ ਨਹੀਂ ਹੋ ਸਕਦੀ ਅਤੇ ਜੋ ਗਿਰਦਾਵਰੀ ਦੀ ਰਿਪੋਰਟ ਤਿਆਰ ਹੋਵੇਗੀ, ਉਸ ਅਨੁਸਾਰ ਚੋਣ ਜਾਬਤਾ ਖਤਮ ਹੋਣ ਤੋਂ ਬਾਅਦ ਹੀ, ਵਿਭਾਗੀ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

-------------------------------------------------------------

ਗੁਰਦਾਸਪੁਰ 'ਚ ਪੰਜਾਬ ਰਾਜ ਵਣ ਵਿਕਾਸ ਨਿਗਮ ਵਿਚ ਤਾਇਨਾਤ, ਪ੍ਰੋਜੈਕਟ ਅਫਸਰ ਪ੍ਰਹਿਲਾਦ ਸਿੰਘ ਖਿਲਾਫ ਥਾਣਾ ਸਿਟੀ ਪੁਲਿਸ ਨੇ ਕਰੀਬ ਇਕ ਕਰੋੜ ਰੁਪਏ ਦੀ ਸਰਕਾਰੀ ਲੱਕੜ ਦਾ ਘੱਪਲਾ ਕਰਨ ਦੇ ਦੋਸ਼ਾਂ ਹੇਠ ਮਾਮਲਾ ਦਰਜ ਕਰ ਲਿਆ ਏ। ਗੁਰਦਾਸਪੁਰ ਸਿਟੀ DSP ਮੋਹਨ ਸਿੰਘ ਨੇ ਦੱਸਿਆ ਕਿ ਦੋਸ਼ੀ ਪ੍ਰਹਿਲਾਦ ਸਿੰਘ ਵਾਸੀ ਗਾਦੜੀਆਂ ਦੇ ਅਧਿਕਾਰ ਖੇਤਰ ਅੰਦਰ ਗੁਰਦਾਸਪੁਰ, ਧਾਰੀਵਾਲ ਅਤੇ

ਗੱਗੜ ਭਾਣਾ ਦੇ ਡੀਪੋ ਆਉਂਦੇ ਸਨ, ਜਦਕਿ ਇਸ ਦੋਸ਼ੀ ਅਫਸਰ ਵੱਲੋਂ ਆਪਣੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਠੇਕੇਦਾਰਾਂ ਤੋਂ ਬਿਨਾਂ ਪੈਸੇ ਪ੍ਰਾਪਤ ਕੀਤੇ ਪਿਛਲੇ ਕੋਈ ਪੰਜ ਸਾਲ ਦੌਰਾਨ ਨਿਲਾਮ ਹੋਏ 223 ਲੱਕੜ ਲਾਟ ਭੰਡਾਰ ਚੁਕਵਾ ਦਿੱਤੇ ਗਏ, ਜਿਸ ਨਾਲ ਪੰਜਾਬ ਰਾਜ ਵਣ ਵਿਭਾਗ ਦਾ ਕੋਈ 99 ਲੱਖ ਦਾ ਵੱਡਾ ਨੁਕਸਾਨ ਹੋਇਆ ਏ। ਉੱਚ ਪੱਧਰੀ ਵਿਭਾਗੀ ਪੜਤਾਲ ਤੋਂ ਬਾਅਦ ਇਸ ਧੋਖਾ ਧੜੀ ਦੇ ਦੋਸ਼ਾਂ ਤਹਿਤ ਇਸ ਅਫਸਰ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ।

---------------------------------------------------------------

ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਿਟਡ ਨੇ ਕਣਕ ਦੀ ਫਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ, ਕੰਟਰੋਲ ਰੂਮ ਦੀ ਸਥਾਪਨਾ ਕੀਤੀ ਏ। ਇਸਦੇ ਨਾਲ ਹੀ ਬਿਜਲੀ ਕਾਰਪੋਰੇਸ਼ਨ ਲਿਮਿਟਡ ਨੇ ਕਿਸਾਨਾਂ ਨੂੰ ਵੀ ਕੁਝ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਏ, ਤਾਂ ਜੋ ਕਿਸੇ ਵੀ ਅਣਸੁਖਾਂਵੀ ਘਟਨਾ ਤੋਂ ਬਚਿਆ ਜਾ ਸਕੇ। ਕਾਰਪੋਰੇਸ਼ਨ ਦੇ ਇੱਕ ਬੁਲਾਰੇ ਮੁਤਾਬਕ, ਸੂਬੇ ਭਰ ਅੰਦਰ ਖੇਤਾਂ ਉੱਪਰੋਂ ਨਿਕਲਣ ਵਾਲੀਆਂ ਬਿਜਲੀ ਦੀਆਂ ਤਾਰਾਂ ਨੂੰ ਲੈ ਕੇ ਵਿਭਾਗ ਨੇ ਨਿਗਰਾਨੀ ਵਧਾ ਦਿੱਤੀ ਏ।

ਇਸ ਲੜੀ ਹੇਠ, ਜਿਥੋਂ - ਜਿੱਥੋਂ ਇਹ ਤਾਰਾ ਨਿਕਲਦੀਆਂ ਨੇ, ਉਨਾਂ ਇਲਾਕਿਆਂ ਵਿੱਚ SDO ਸਣੇ ਹੋਰਨਾਂ ਮੁਲਾਜ਼ਮਾਂ ਨੂੰ ਵਿਸ਼ੇਸ਼ ਨਿਰਦੇਸ਼ ਦਿੱਤੇ ਗਏ ਨੇ। ਇਸ ਤੋਂ ਇਲਾਵਾ ਫਾਇਰ ਸਟੇਸ਼ਨਾਂ ਨਾਲ ਵੀ ਸੰਪਰਕ ਕਰਕੇ ਅਲਰਟ ਰਹਿਣ ਵਾਸਤੇ ਕਿਹਾ ਗਿਆ ਏ।

---------------------------------------------------

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਪੰਜਾਬ ਵਿੱਚ ਕੰਮ ਕਰਦੇ ਜੰਮੂ-ਕਸ਼ਮੀਰ ਤੇ ਰਾਜਸਥਾਨ ਦੇ ਵੋਟਰਾਂ ਨੂੰ, ਇਨ੍ਹਾਂ ਸੂਬਿਆਂ ਵਿਚ ਵੋਟਿੰਗ ਵਾਲੇ ਦਿਨ 19 ਅਪ੍ਰੈਲ ਅਤੇ ਹਿਮਾਚਲ ਪ੍ਰਦੇਸ਼ ਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਵੋਟਰਾਂ ਨੂੰ ਪਹਿਲੀ ਜੂਨ ਨੂੰ ਵੋਟਿੰਗ ਵਾਲੇ ਦਿਨ ਵੋਟ ਪਾਉਣ ਲਈ ਵਿਸ਼ੇਸ਼ ਛੁੱਟੀ ਦਾ ਐਲਾਨ।
- ਹਾੜੀ ਸੀਜ਼ਨ 2024-25 ਦੌਰਾਨ ਕਣਕ ਦੀ ਖਰੀਦ ਦਾ ਸ਼ੁਰੂ ਹੋਇਆ ਸੀਜ਼ਨ, 31 ਮਈ ਨੂੰ ਮੁਕੰਮਲ ਹੋਵੇਗਾ।

- ਸ੍ਰੀ ਮੁਕਤਸਰ ਸਾਹਿਬ ਜ਼ਿਲੇ ਵਿਚ ਬੇਮੌਸਮੀ ਬਾਰਿਸ਼ ਨਾਲ ਫਸਲਾਂ ਦੇ ਨੁਕਸਾਨ ਦੀ ਵਿਸ਼ੇਸ਼ ਗਿਰਦਾਵਰੀ ਕਰਵਾਉਣ ਦੇ ਹੁਕਮ ।